# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 05-11-2025**

ਸਿੱਖ ਧਰਮ ਦੇ ਬਾਨੀ, ਸ੍ਰੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਪ੍ਰਕਾਸ਼ ਗੁਰਪੁਰਬ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।ਪਿਤਾ, ਮਹਿਤਾ ਕਾਲੂ ਅਤੇ ਮਾਤਾ ਤ੍ਰਿਪਤਾ ਦੇਵੀ ਜੀ ਦੇ ਘਰ, ਰਾਏ ਭੋਇ ਕੀ ਤਲਵੰਡੀ, ਜਿਸ ਨੂੰ ਹੁਣ ਨਨਕਾਣਾ ਸਾਹਿਬ ਕਿਹਾ ਜਾਂਦਾ ਏ, ਲਾਹੌਰ ਵਿਚ 1469 ਵਿਚ ਕੱਤਕ ਮਹੀਨੇ ਦੀ ਪੂਰਨਮਾਸ਼ੀ ਵਾਲੇ ਦਿਨ ਜਨਮੇ, ਗੁਰੂ ਨਾਨਕ ਦੇਵ ਜੀ ਨੇ ਇਕ ਪਰਮਾਤਮਾ ਅਤੇ ਈਮਾਨਦਾਰੀ, ਦਿਆਲਤਾ ਤੇ ਦੂਜਿਆਂ ਦੀ ਮਦਦ ਕਰਨ ਵਾਲਾ ਜੀਵਨ ਜਿਊਣ ਦਾ ਸੰਦੇਸ਼ ਦੇਣ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਨੇ ਜਾਤ-ਪਾਤ ਵਰਗੀਆਂ ਕੁਰੀਤੀਆਂ ਦਾ ਵਿਰੋਧ ਕੀਤਾ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਰੇ ਮਨੁੱਖ ਬਰਾਬਰ ਨੇ।

ਹੋਰ ਵੇਰਵੇ ਨਾਲ ਇਕ ਰਿਪੋਰਟ

ਪੰਜਾਬ ਭਰ ਵਿਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਗੁਰਦੁਆਰਿਆਂ ਵਿੱਚ ਮੱਥਾ ਟੇਕ ਰਹੇ ਹਨ। ਸੁਲਤਾਨਪੁਰ ਲੋਧੀ ਵਿਖੇ ਗੁਰਦੁਆਰਾ ਬੇਰ ਸਾਹਿਬ, ਜਿੱਥੇ ਗੁਰੂ ਜੀ ਨੇ 14 ਸਾਲ, 9 ਮਹੀਨੇ ਅਤੇ 13

ਦਿਨ ਤਕ ਬੇਰੀ ਹੇਠ ਧਿਆਨ ਕਰਨ ਤੋਂ ਬਾਅਦ ਗਿਆਨ ਪ੍ਰਾਪਤ ਕੀਤਾ ਸੀ ਅਤੇ ਅੰਮ੍ਰਿਤਸਰ ਵਿੱਚ ਸ੍ਰੀ ਹਰਿਮੰਦਰ ਸਾਹਿਬ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ ਹੈ। ਭਾਰਤ ਅਤੇ ਵਿਦੇਸ਼ਾਂ ਤੋਂ ਸ਼ਰਧਾਲੂ ਸਵੇਰ ਤੋਂ ਹੀ ਏਥੇ ਮੱਥਾ ਤਕੇਂ ਪੁੱਜ ਰਹੇ ਹਨ । ਸ਼ਰਧਾਲੂ ਬਟਾਲਾ ਦੇ ਗੁਰਦੁਆਰਾ ਕੰਧ ਸਾਹਿਬ ਦੇ ਵੀ ਦਰਸ਼ਨ ਕਰ ਰਹੇ ਹਨ ਜਿੱਥੇ ਗੁਰੂ ਨਾਨਕ ਦੇਵ ਜੀ 1487 ਵਿੱਚ ਮਾਤਾ ਸੁਲੱਖਣੀ ਜੀ ਨਾਲ ਵਿਆਹ ਕਰਨ ਲਈ ਪਹੁੰਚੇ ਸਨ। ਰਾਜ ਭਰ ਵਿੱਚ ਗੁਰਦੁਆਰਿਆਂ ਅਤੇ ਹੋਰਨਾਂ ਥਾਵਾਂ ਤੇ ਲੰਗਰ ਵਰਤਾਏ ਜਾ ਰਹੇ ਹਨ ਅਤੇ ਸ਼ਰਧਾਲੂ ਗੁਰਬਾਣੀ ਕੀਰਤਨ ਸ਼ਰਵਨ ਕਰ ਰਹੇ ਨੇ । ਸ਼ਾਮ ਨੂੰ, ਅੰਮ੍ਰਿਤਸਰ ਵਿਚ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰਦੁਆਰਿਆਂ ਵਿੱਚ ਦੀਪਮਾਲਾ ਅਤੇ ਆਤਿਸ਼ਬਾਜ਼ੀ ਕੀਤੀ  ਜਾਵੇਗੀ।

------------------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ । ਇਕ ਸੋਸ਼ਲ ਮੀਡੀਆ ਪੋਸਟ ਵਿਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇਹ ਮੌਕਾ ਸਾਰਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਦਰਸ਼ਾਂ ਤੇ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਾ ਏ ਅਤੇ ਇਕ ਬਿਹਤਰ ਸਮਾਜ ਦੇ ਨਿਰਮਾਣ ਲਈ, ਸਾਡਾ ਮਾਰਗਦਰਸ਼ਨ ਕਰਦਾ ਏ । ਰਾਸ਼ਟਰਪਤੀ ਨੇ ਸਾਰਿਆਂ ਨੂੰ ਗੁਰੂ ਜੀ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿਚ ਅਪਣਾਉਣ ਅਤੇ ਹੋਰ ਖੁਸ਼ਹਾਲ ਦੇਸ਼ ਬਣਾਉਣ ਲਈ ਉਨ੍ਹਾਂ ਦੇ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੀਵਨ ਤੇ

ਸੰਦੇਸ਼, ਮਨੁੱਖਤਾ ਦਾ ਸਦੀਵੀ ਗਿਆਨ ਨਾਲ ਮਾਰਗਦਰਸ਼ਨ ਕਰਦਾ ਰਹਿੰਦਾ ਏ। ਦਇਆ, ਸਮਾਨਤਾ, ਨਿਮਰਤਾ ਤੇ ਸੇਵਾ ਦੀਆਂ ਉਨ੍ਹਾਂ ਦੀਆਂ ਸਿੱਖਿਆਵਾਂ ਬਹੁਤ ਪ੍ਰੇਰਨਾਦਾਇਕ ਨੇ।

---------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਸਮੇਤ ਪੰਜਾਬ ਦੇ ਕੈਬਨਿਟ ਮੰਤਰੀਆਂ ਨੇ ਵੀ ਇਸ ਪਵਿੱਤਰ ਦਿਹਾੜੇ 'ਤੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇਸੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਰਿਵਾਰ ਸਮੇਤ ਅੰਮ੍ਰਿਤਸਰ ਸਥਿਤ ਸ਼੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ।

ਇਸ ਮੌਕੇ ਉਨ੍ਹਾਂ ਕਿਹਾ ....

BYTE

---------------------------------------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੇ ਹਿੱਸੇ ਵਜੋਂ ਜਲੰਧਰ, ਫਤਹਿਗੜ੍ਹ ਸਾਹਿਬ, ਪਠਾਨਕੋਟ ਤੇ ਪਟਿਆਲਾ ਵਿਚ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿਚ ਵੱਡੀ ਗਿਣਤੀ ਵਿਚ ਸੰਗਤ ਤੋਂ ਇਲਾਵਾ, ਸੂਬੇ ਦੇ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ

ਨੇ ਹਾਜ਼ਰੀ ਭਰੀ। ਫਤਹਿਗੜ੍ਹ ਸਾਹਿਬ ਦੇ ਖੇਡ ਸਟੇਡੀਅਮ ਮਾਧੋਪੁਰ ਵਿਖੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੈਨਾਨੀ ਅਤੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਅਤੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਸੰਗਤ ਨਾਲ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਕੁਰਬਾਨੀ ਅਤੇ ਮਹਾਨ ਫਲਸਫੇ ’ਤੇ ਚਾਨਣਾ ਪਾਉਂਦੇ ਹੋਏ ਲਾਈਟ ਐਂਡ ਸਾਊਂਡ ਸ਼ੋਅ ਵੇਖਿਆ। ਓਧਰ, ਪਠਾਨਕੋਟ ਦੇ ਲਮੀਨੀ ਸਟੇਡੀਅਮ ਵਿਖੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲਚੰਦ ਕਟਾਰੂਚੱਕ ਅਤੇ ਪਟਿਆਲਾ ਦੇ ਪੋਲੋ ਗਰਾਊਂਡ ਵਿਚ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਲਾਈਟ ਐਂਡ ਸਾਊਂਡ ਸ਼ੋਅ ਵਿਚ ਸ਼ਮੂਲੀਅਤ ਕੀਤੀ। ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿਚ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ 20 ਨਵੰਬਰ ਤੱਕ ਜਾਰੀ ਰਹਿਣਗੇ।

------------------------------------------------------------------------------

ਅਮਲਾ, ਜਨਤਕ ਸ਼ਿਕਾਇਤਾਂ ਤੇ ਪੈਨਸ਼ਨ ਮੰਤਰਾਲੇ ਦੇ ਪੈਨਸ਼ਨਰਜ਼ ਭਲਾਈ ਵਿਭਾਗ ਵੱਲੋਂ ਪਹਿਲੀ ਤੋਂ 30 ਨਵੰਬਰ ਤੱਕ ਦੇਸ਼ ਵਿਆਪੀ ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ ਦਾ ਚੌਥਾ ਗੇੜ ਸ਼ੁਰੂ ਕੀਤਾ

ਗਿਆ ਏ। ਇਸ ਦੇਸ਼ ਵਿਆਪੀ ਮੁਹਿੰਮ ਤਹਿਤ ਪੈਨਸ਼ਰਜ਼ ਭਲਾਈ ਵਿਭਾਗ ਦੇ ਅੰਡਰ ਸੈਕਟਰੀ ਨਗੇਂਦਰ ਕੁਮਾਰ 6 ਨਵੰਬਰ ਨੂੰ ਅਜਨਾਲਾ ਦਾ ਦੌਰਾ ਕਰਨਗੇ, ਜਿੱਥੇ ਉਹ ਸਟੇਟ ਬੈਂਕ ਆਫ ਇੰਡੀਆ ਤੇ ਇੰਡੀਆ ਪੋਸਟ ਪੇਮੈਂਟਸ ਬੈਂਕ ਤੇ ਡਾਕ ਵਿਭਾਗ ਵੱਲੋਂ ਡੀ.ਐੱਲ.ਸੀ. ਕੈਂਪਾਂ ਵਿਚ ਸ਼ਾਮਲ ਹੋਣਗੇ ਤੇ 7 ਨਵੰਬਰ ਨੂੰ ਅੰਮ੍ਰਿਤਸਰ ਸ਼ਹਿਰ ਦਾ ਦੌਰਾ ਕਰਨਗੇ।

------------------------------------------------------------------------------------